6page8.qxd 12/5/2024 10:46 PM Page 1

ਮਾਨਸਾ 'ਚ ਕਿਸਾਨਾਂ ਤੇ ਪੁਲਿਸ ਵਿਚਾਲੇ ਤਿੱਖੀ ਝੜਪ

ਬਠਿੰਡਾ/ਮਾਨਸਾ, 5 ਦਸੰਬਰ (ਰਾਣਾ ਸ਼ਰਮਾ/ਪ੍ਰਿਤਪਾਲ ਸਿੰਘ) : ਸੰਗਰੂਰ ਜ਼ਿਲ੍ਹੇ ਦੇ ਕਿਸਾਨ ਬਠਿੰਡਾ ਜ਼ਿਲ੍ਹੇ ਦੇ ਤਲਵੰਡੀ ਸਾਬੋ ਨਜ਼ਦੀਕ ਪਿੰਡ ਲੇਲੇਵਾਲਾ ਗੁਜਰਾਤ ਗੈਸ ਪਾਈਪ ਲਾਈਨ ਦਾ

ਤਿੰਨ ਐਸ.ਐਚ.ਓ. ਤੇ ਕਈ ਕਿਸਾਨ ਜ਼ਖ਼ਮੀ

ਵਿਰੋਧ ਕਰਨ ਜਾ ਰਹੇ ਸਨ ਤਾਂ ਕਿਸਾਨਾਂ ਤੇ ਪੁਲਿਸ ਦੀ ਅੱਧੀ ਰਾਤ ਬਾਅਦ ਤਿੱਖੀ ਝੜਪ ਹੋ ਗਈ। ਕਿਸਾਨ ਜਿੱਥੇ ਪੁਲਿਸ ਵਲੋਂ ਲਾਠੀਚਾਰਜ ਕੀਤੇ ਜਾਣ ਦਾ ਦੋਸ਼ ਲਗਾ ਰਹੇ ਹਨ, ਉੱਥੇ ਹੀ ਪੁਲਿਸ ਵਲੋਂ ਕਿਸਾਨਾਂ 'ਤੇ ਨਾਕੇ ਤੋੜਦੇ ਹੋਏ ਪੁਲਿਸ ਅਧਿਕਾਰੀਆਂ ਸਮੇਤ ਮੁਲਾਜ਼ਮਾਂ ਨੂੰ ਜ਼ਖ਼ਮੀ ਕੀਤੇ ਜਾਣ ਦਾ ਦੋਸ਼ ਲਗਾਇਆ ਜਾ ਰਿਹਾ ਹੈ।

ਪੁਲਿਸ ਅਨੁਸਾਰ ਕਿਸਾਨਾਂ ਨੇ ਡਾਂਗਾਂ ਚਲਾਈਆਂ ਤੇ ਤਿੰਨ ਐਸਐਚਓ ਜ਼ਖ਼ਮੀ ਕੀਤਾ। ਬੀਕੇਯੂ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਨੇ ਕਿਹਾ ਕਿ ਇਹ ਝੜਪ ਦੇਰ ਰਾਤ ਹੋਈ ਅਤੇ ਅੱਜ ਉਹ ਲੇਲੇਵਾਲਾ ਪਹੁੰਚੇ ਹਨ। ਕਿਸਾਨ ਇੱਥੇ ਹੀ ਇਕੱਠੇ ਹੋ ਰਹੇ ਹਨ। ਇਕ ਪਾਸੇ ਜਿੱਥੇ ਕਿਸਾਨ ਪੁਲਿਸ ਦੁਆਰਾ ਧੱਕੇਸ਼ਾਹੀ ਕੀਤੇ ਜਾਣ ਦਾ ਦੋਸ਼ ਲਗਾ ਰਹੇ ਹਨ, ਉੱਥੇ ਹੀ ਦੂਜੇ ਪਾਸੇ ਪੁਲਿਸ ਵੀ ਕਿਸਾਨਾਂ 'ਤੇ ਨਾਕੇ ਤੋੜਨ ਦਾ ਦੋਸ਼ ਲਗਾ ਰਹੀ ਹੈ। ਕਿਸਾਨਾਂ ਨੇ ਪੁਲਿਸ 'ਤੇ ਉਨ੍ਹਾਂ ਦੀਆਂ ਗੱਡੀਆਂ ਦੇ ਸੀਸ਼ੇ ਤੋੜੇ ਜਾਣ ਦਾ ਵੀ ਦੋਸ਼ ਲਗਾਇਆ ਹੈ। ਬੀਕੇਯੂ ਉਗਰਾਹਾਂ ਦੇ ਸੂਬਾ ਸਕੱਤਰ ਜਗਤਾਰ ਸਿੰਘ ਨੇ ਦਸਿਆ ਕਿ ਪੁਲਿਸ ਨੇ ਤਕਰੀਬਨ 35 ਤੋਂ 40 ਕਿਸਾਨ ਹਿਰਾਸਤ 'ਚ ਲਏ ਹਨ। ਉਨ੍ਹਾਂ ਨੂੰ ਕਿੱਥੇ ਰਖਿਆ ਗਿਆ ਹੈ ਇਸ ਬਾਰੇ ਪੁਲਿਸ ਅਜੇ ਕੁੱਝ ਨਹੀਂ ਦੱਸ ਰਹੀ। ਐਸਪੀਐਚ ਜਸਕੀਰਤ ਅਹੀਰ ਨੇ ਕਿਹਾ ਕਿ ਕਿਸਾਨਾਂ ਨੇ ਰਾਤੀ ਪੁਲਿਸ ਦੇ ਲਗਾਏ ਨਾਕਿਆਂ ਨੂੰ ਧੱਕੇ ਨਾਲ ਤੋੜਿਆ ਤੇ ਡਾਂਗਾਂ ਵੀ ਚਲਾਈਆਂ। ਥਾਣਾ ਭੀਖੀ ਨਾਕਾ ਤੋੜਿਆ ਜਿੱਥੇ ਐਸਐਚਓ ਗੁਰਵੀਰ ਸਿੰਘ 'ਤੇ ਗੱਡੀ ਚੜ੍ਹਾ ਦਿਤੀ ਤੇ ਉਨ੍ਹਾਂ ਦੀਆਂ ਦੋਵੇਂ ਬਾਹਾਂ ਫ੍ਰੈਕਚਰ ਹੋ ਗਈਆਂ। ਇਸ ਬਾਅਦ ਮਾਨਸਾ 'ਚ ਲਗਾਏ ਨਾਕਿਆਂ 'ਤੇ ਥਾਣਾ ਸਦਰ ਦੇ ਇੰਚਾਰਜ ਜਸਵੀਰ ਸਿੰਘ ਦੇ ਸਿਰ 'ਚ ਡੂੰਘੀ ਸੱਟ ਲੱਗੀ ਅਤੇ ਥਾਣਾ ਸਿਟੀ 2 ਦੇ ਦਲਜੀਤ ਸਿੰਘ ਦੇ ਵੀ ਸੱਟਾਂ ਲੱਗੀਆਂ।

ਪੁਲਿਸ ਨਾਲ ਝੜੱਪ ਦੌਰਾਨ ਬੱਸ ਦੇ ਟੁੱਟੇ ਸ਼ੀਸ਼ੇ ਤੇ ਵਿਚ ਬੈਠੇ ਕਿਸਾਨ।

ਮੋਰਚਾ 13 ਦਸੰਬਰ ਤਕ ਮੁਲਤਵੀ

ਬਠਿੰਡਾ : ਅੱਜ ਲੇਲੇਵਾਲਾ ਵਿਖੇ ਹੋਏ ਸੂਬਾ ਪਧਰੀ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਤੇ ਹੋਰ ਆਗੂਆਂ ਨੇ ਕਿਹਾ ਕਿ ਬਠਿੰਡਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਝੂਠ ਬੋਲ ਰਹੇ ਹਨ। ਕਿਸਾਨਾਂ ਦੇ ਮੁਆਵਜ਼ੇ ਦਾ ਤਾਂ ਕੋਈ ਇਸ਼ੂ ਨਹੀਂ ਹੈ ਪਰ ਅੱਜ ਕਿਸਾਨਾਂ ਨੇ ਆ ਕੇ ਦਸਿਆ ਕਿ ਸਿਰਫ ਲੇਲੇਵਾਲੇ ਦੇ 30 ਕਿਸਾਨਾਂ ਨੂੰ ਹਾਲੇ ਤਕ ਮੁਆਵਜ਼ੇ ਦਾ ਇਕ ਰੁਪਿਆ ਵੀ ਨਹੀਂ ਦਿਤਾ ਗਿਆ, ਜਦੋਂ ਕਿ ਧੱਕੇ ਦੇ ਜ਼ੋਰ ਕੰਮ ਚਲਾਉਣ ਲਈ ਪੁਲਿਸ ਦੀਆਂ ਧਾੜਾਂ ਚਾੜ੍ਹੀਆਂ ਹੋਈਆਂ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀ ਤਸੱਲੀ ਮੁਤਾਬਕ ਮੁਆਵਜ਼ਾ ਦਿਤੇ ਬਿਨਾਂ ਗੈਸ ਪਾਈਪ ਲਾਈਨ ਦਾ ਕੰਮ ਚੱਲਣ ਨਹੀਂ ਦਿਤਾ ਜਾਵੇਗਾ। ਅੱਜ ਫਿਰ ਕਿਸਾਨ ਆਗੂਆਂ ਨਾਲ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮੀਟਿੰਗ ਚੱਲੀ ਜਿਸ ਵਿਚ ਫ਼ੈਸਲਾ ਹੋਇਆ ਕਿ 13 ਦਸੰਬਰ ਤਕ ਕੰਪਨੀ ਵਲੋਂ ਗੈਸ ਪਾਈਪ ਲਾਈਨ 'ਤੇ ਕੰਮ ਬੰਦ ਰਖਿਆ ਜਾਵੇਗਾ ਅਤੇ 13 ਤਰੀਕ ਨੂੰ ਮੁੜ ਦੁਬਾਰਾ ਮੀਟਿੰਗ ਹੋਵੇਗੀ ਜਿਸ ਵਿਚ ਪਹਿਲਾਂ ਕੀਤੇ ਹੋਏ ਸਮਝੌਤੇ ਪੂਰਨ ਤੌਰ 'ਤੇ ਲਾਗੂ ਕਰਨ, ਸਰਕਾਰ ਅਤੇ ਪੁਲਿਸ ਵਲੋਂ ਕਿਸਾਨਾਂ ਦੀਆਂ ਗੱਡੀਆਂ ਤੇ ਹੋਰ ਸਮਾਨ ਦੀ ਕੀਤੀ ਭੰਨ ਤੋੜ ਦੀ ਭਰਭਾਈ ਅਤੇ ਪੁਲਿਸ ਕੋਸਾਂ ਦੀ ਵਾਪਸੀ ਸਬੰਧੀ ਵਿਚਾਰ ਚਰਚਾ ਹੋਵੇਗੀ। ਚੱਲ ਰਿਹਾ ਮੋਰਚਾ 13 ਦਸੰਬਰ ਤਕ ਮੁਲਤਵੀ ਕਰ ਦਿਤਾ ਗਿਆ ਹੈ।

ਬੱਲੂਆਣਾ ਨੂੰ ਮਿਲਿਆ ਪਹਿਲਾ ਸਰਕਾਰੀ ਡਿਗਰੀ ਕਾਲਜ

ਮੁੱਖ ਮੰਤਰੀ ਨੇ ਸਰਕਾਰੀ ਡਿਗਰੀ ਕਾਲਜ ਸੁਖਚੈਨ ਲੋਕਾਂ ਨੂੰ ਕੀਤਾ ਸਮਰਪਤ

ਅਬੋਹਰ, 5 ਦਸੰਬਰ (ਕੁਲਦੀਪ ਸਿੰਘ ਸੰਧੂ): ਆਜ਼ਾਦੀ ਦੇ 77 ਸਾਲਾਂ ਬਾਅਦ ਅੱਜ ਫ਼ਾਜ਼ਿਲਕਾ ਜ਼ਿਲ੍ਹੇ ਦੇ ਦਿਹਾਤੀ ਵਿਧਾਨ ਸਭਾ ਹਲਕੇ ਬੱਲੂਆਣਾ ਨੂੰ ਪਹਿਲਾ ਸਰਕਾਰੀ ਕਾਲਜ ਪ੍ਰਾਪਤ ਹੋਇਆ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ

ਸੁਖਬੀਰ ਬਾਦਲ 'ਤੇ ਕਸਿਆ ਵਿਅੰਗ : 'ਸਮਾਂ ਵੱਡੇ-ਵੱਡਿਆਂ ਤੋਂ ਮਾਫ਼ੀ ਮੰਗਵਾ ਦਿੰਦਾ ਹੈ'

ਖੇਤਰ ਵਿਚ ਸਿਖਿਆ ਖੇਤਰ ਨੂੰ ਵੱਡਾ ਹੁਲਾਰਾ ਦੇਣ ਲਈ ਸਰਕਾਰੀ ਡਿਗਰੀ ਕਾਲਜ ਸੁਖਚੈਨ ਲੋਕਾਂ ਨੂੰ ਸਮਰਪਿਤ ਕੀਤਾ ਹੈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟਾਇਆ ਕਿ ਪਿਛਲੀਆਂ ਸਰਕਾਰਾਂ ਵਿਚੋਂ ਕਿਸੇ ਨੇ ਵੀ ਇਸ ਖੇਤਰ ਵਿਚ ਅਜਿਹੇ ਅਦਾਰੇ ਸਥਾਪਤ ਕਰਨ ਬਾਰੇ ਨਹੀਂ ਸੋਚਿਆ। ਉਨ੍ਹਾਂ ਕਿਹਾ ਕਿ ਇਹ ਕਾਲਜ ਆਜ਼ਾਦੀ ਦੇ 77 ਸਾਲਾਂ ਬਾਅਦ ਸਥਾਪਤ ਕੀਤਾ ਗਿਆ ਹੈ ਅਤੇ ਇਸ ਦਾ ਉਦੇਸ਼ ਵਿਦਿਆਰਥੀਆਂ ਖ਼ਾਸ ਕਰ ਕੇ ਲੜਕੀਆਂ ਦੀ ਭਲਾਈ ਲਈ ਸਿਖਿਆ ਖੇਤਰ ਨੂੰ ਹੁਲਾਰਾ ਦੇਣਾ ਹੈ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਸ ਨਾਲ ਸੂਬੇ ਦੇ ਇਸ ਪੇਂਡੂ ਖੇਤਰ ਵਿਚ ਸਿਖਿਆ ਦੀ ਘਾਟ ਨੂੰ ਦੂਰ ਕਰਨ ਵਿਚ ਵੱਡੀ ਮਦਦ ਮਿਲੇਗੀ। ਅਕਾਲੀ ਆਗੂਆਂ 'ਤੇ ਨਿਸ਼ਾਨਾ ਲਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਆਗੂ ਲੰਮੀਆਂ-ਲੰਮੀਆਂ ਗੱਲਾਂ ਕਰਨ ਦੇ ਬਾਵਜੂਦ ਸੂਬੇ ਦੇ ਲੋਕਾਂ ਨੂੰ ਕੋਈ ਬਿਹਤਰ ਸਹੂਲਤ ਦੇਣ 'ਚ ਨਾਕਾਮ ਰਹੇ ਹਨ। ਉਨ੍ਹਾਂ ਸੁਖਬੀਰ ਬਾਦਲ ਦਾ ਨਾਂ ਲਏ ਬਿਨਾ ਕਿਹਾ ਕਿ ਸਮਾਂ ਵੱਡੇ-ਵੱਡਿਆਂ ਤੋਂ ਮਾਫ਼ੀ ਮੰਗਵਾ ਦਿੰਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਿਹਤ, ਸਿਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਨੂੰ ਕੌਮੀ ਸਿਆਸਤ ਦੇ ਕੇਂਦਰ 'ਤੇ ਲਿਆਉਣ ਦਾ ਸਿਹਰਾ 'ਆਪ' ਨੂੰ ਜਾਂਦਾ ਹੈ।

ਬਦਲੇਗਾ ਡੰਗਰ ਖੇੜਾ ਪਿੰਡ ਦਾ ਨਾਂ

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਵਿਕਸਤ ਕੀਤੇ ਗਏ ਪਾਰਦਰਸ਼ੀ ਪ੍ਰਸ਼ਾਸਨ ਸਦਕਾ ਇਕੱਲੇ ਬੱਲੂਆਣਾ ਵਿਧਾਨ ਸਭਾ ਹਲਕੇ ਦੇ ਪਿੰਡ ਡੰਗਰ ਖੇੜਾ ਨੂੰ 700 ਨੌਕਰੀਆਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਪਿੰਡ ਡੰਗਰ ਖੇੜਾ ਦਾ ਨਾਂ ਬਦਲ ਕੇ ਅਧਿਆਪਕ ਖੇੜਾ ਰੱਖਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਕੇਂਦਰ ਸਰਕਾਰ ਕੋਲ ਉਠਾਉਣਗੇ ਕਿਉਂਕਿ ਇਸ ਪ੍ਰਕਿਰਿਆ ਲਈ ਕੇਂਦਰ ਸਰਕਾਰ ਵਲੋਂ ਮਨਜ਼ੂਰੀ ਦੀ ਜ਼ਰੂਰਤ ਹੈ।

ਇਕ ਨਜ਼ਰ...

ਵਿੱਤ ਮੰਤਰੀ ਵਲੋਂ ਪ੍ਰਬੰਧਕੀ ਸਕੱਤਰਾਂ ਨੂੰ ਪੂੰਜੀ ਸਿਰਜਣ ਤੇ ਮਾਲੀਆ ਉਤਪਤੀ ਨੂੰ ਹੁਲਾਰਾ ਦੇਣ ਦੇ ਨਿਰਦੇਸ਼

ਚੰਡੀਗੜ੍ਹ, 5 ਦਸੰਬਰ (ਸੱਤੀ) : ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਪੰਜਾਬ ਸਰਕਾਰ ਦੇ ਸਮੂਹ ਪ੍ਰਬੰਧਕੀ ਸਕੱਤਰਾਂ ਨਾਲ ਉੱਚ ਪਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੂੰਜੀ ਸਿਰਜਣ ਅਤੇ ਮਾਲੀਆ ਪੈਦਾ ਕਰਨ ਲਈ ਯਤਨ ਤੇਜ਼ ਕਰਨ ਦੀ ਲੋੜ 'ਤੇ ਜ਼ੋਰ ਦਿਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਕੁੱਲ ਘਰੇਲੂ ਉਤਪਾਦ (ਜੀ.ਡੀ.ਪੀ.) ਦੇ ਵਾਧੇ ਨੂੰ ਹੋਰ ਤੇਜ਼ ਕਰਨ ਦੇ ਉਦੇਸ਼ ਨਾਲ ਰਣਨੀਤਕ ਕਦਮ ਚੁੱਕਣੇ ਸਮੇਂ ਦੀ ਲੋੜ ਹੈ। ਇੱਥੇ ਪੰਜਾਬ ਭਵਨ ਵਿਖੇ ਹੋਈ ਇਸ ਮੀਟਿੰਗ ਦੌਰਾਨ ਆਈ.ਏ.ਐਸ ਅਧਿਕਾਰੀ ਕ੍ਰਿਸ਼ਨ ਕੁਮਾਰ ਨੂੰ ਉਨ੍ਹਾਂ ਵਲੋਂ ਵਿੱਤੀ ਕਮਿਸ਼ਨਰ ਕਰ ਵਜੋਂ ਬੇਮਿਸਾਲ ਸੇਵਾਵਾਂ ਨਿਭਾਉਣ ਲਈ ਸਨਮਾਨਤ ਵੀ ਕੀਤਾ ਗਿਆ। ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪੋ-ਅਪਣੇ ਵਿਭਾਗਾਂ ਅੰਦਰ ਪੂੰਜੀ ਸਿਰਜਣ ਲਈ ਸੰਭਾਵੀ ਖੇਤਰਾਂ ਦੀ ਸ਼ਨਾਖਤ ਕਰਨ। ਉਨ੍ਹਾਂ ਅਜਿਹੇ ਅਣਗੌਲੇ ਖੇਤਰਾਂ ਦੀ ਸ਼ਨਾਖ਼ਤ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿਤਾ, ਜਿੱਥੋਂ ਸੂਬਾ ਸਰਕਾਰ ਮਾਲੀਆ ਪੈਦਾ ਕਰ ਸਕਦੀ ਹੈ।

ਨਾਕੇ ਦੌਰਾਨ ਦੋ ਮੁਲਜ਼ਮ ਗ੍ਰਿਫ਼ਤਾਰ, ਦੋ ਪਿਸਤੌਲ, 20 ਜ਼ਿੰਦਾ ਕਾਰਤੂਸ ਬਰਾਮਦ

ਅੰਮ੍ਰਿਤਸਰ, 5 ਦਸੰਬਰ (ਬਹੋੜੂ) : ਥਾਣਾ ਕੰਬੋਅ ਦੀ ਪੁਲਿਸ ਨੇ ਦੋ ਮੁਲਜ਼ਮਾਂ ਨੂੰ ਨਾਜਾਇਜ਼ ਅਸਲੇ ਅਤੇ ਜਿੰਦਾ ਕਾਰਤੂਸ ਸਮੇਤ ਕਾਬੂ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਗੁਰਤੇਜ ਸਿੰਘ ਵਾਸੀ ਪਿੰਡ ਗੱਗੜਮਲ ਅਤੇ ਸੁਰਜੀਤ ਸਿੰਘ ਵਾਸੀ ਪਿੰਡ ਖਤਰਾਏ ਖੁਰਦ ਥਾਣਾ ਝੰਡੇਰ ਵਜੋਂ ਹੋਈ ਹੈ। ਮੁਲਜ਼ਮਾਂ ਦੇ ਕਬਜ਼ੇ ਵਿਚੋਂ 30 ਬੋਰ ਦੇ ਦੋ ਪਿਸਤੌਲ, ਪੰਜ ਮੈਗਜ਼ੀਨ, 20 ਜਿੰਦਾ ਕਾਰਤੂਸ ਅਤੇ ਇਕ ਮੋਟਰਸਾਈਕਲ ਬਰਾਮਦ ਹੋਇਆ ਹੈ। ਮੁਲਜਮਾਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪੁਲਿਸ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰ ਕੇ ਰਿਮਾਂਡ ਮੰਗਿਆ ਜਾਵੇਗਾ।

ਸ਼ਹਿਰਾਂ ਦੇ ਯੋਜਨਾਬੱਧ ਵਿਕਾਸ ਵਿਚ ਸੱਭ ਅੜਿੱਕੇ ਦੂਰ ਕਰਾਂਗੇ : ਮੁੰਡੀਆਂ

ਕੈਬਿਨਟ ਮੰਤਰੀ ਤੇ ਮੁੱਖ ਸਕੱਤਰ ਨੇ 127 ਪ੍ਰਮੋਟਰਾਂ/ਬਿਲਡਰਾਂ ਨੂੰ ਸੌਂਪੇ ਸਰਟੀਫ਼ਿਕੇਟ

ਚੰਡੀਗੜ੍ਹ, 5 ਦਸੰਬਰ (ਭੁੱਲਰ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵਲੋਂ ਸ਼ਹਿਰਾਂ ਦੇ ਯੋਜਨਾਬੱਧ ਵਿਕਾਸ ਲਈ ਸੱਭ ਅੜਿੱਕੇ ਦੂਰ ਕੀਤੇ ਜਾ ਰਹੇ ਹਨ। ਸੂਬਾ ਵਾਸੀਆਂ ਨੂੰ ਪਾਰਦਰਸ਼ੀ, ਨਿਰਵਿਘਨ, ਭ੍ਰਿਸ਼ਟਾਚਾਰ ਮੁਕਤ ਤੇ ਸੁਖਾਲੀਆਂ ਸੇਵਾਵਾਂ ਦੇਣ ਦੀ ਵਚਨਬੱਧਤਾ ਉਤੇ ਚਲਦਿਆਂ ਰੀਅਲ ਅਸਟੇਟ ਨਾਲ ਸਬੰਧੀ ਕਲੀਅਰੈਂਸ ਸਰਟੀਫ਼ਿਕੇਟ ਦੇਣ ਲਈ ਅੱਜ ਦੂਜੀ ਵਾਰ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ 127 ਪ੍ਰਮੋਟਰਾਂ/ਬਿਲਡਰਾਂ ਨੂੰ ਕਲੀਅਰੈਂਸ ਸਰਟੀਫ਼ਿਕੇਟ ਜਾਰੀ ਕੀਤੇ ਗਏ। ਸ. ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿਚ ਨਿਵੇਸ਼ ਦੇ ਮੌਕੇ ਵਧਾਉਣ ਲਈ ਯਤਨਸ਼ੀਲ ਹੈ ਜਿਸ ਤਹਿਤ ਅੱਜ ਪ੍ਰੋਮੋਟਰਾਂ/ਡਿਵੈਲਪਰਾਂ ਦੇ ਕੰਮਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕਰਦੇ ਹੋਏ ਅੱਜ ਦੂਜਾ ਕੈਂਪ ਲਗਾਇਆ ਗਿਆ। ਇਸੇ ਕੜੀ ਤਹਿਤ ਅੱਜ ਦੂਜੇ ਕੈਂਪ ਵਿਚ ਕਲੋਨੀਆਂ ਦੇ ਲਾਇਸੈਂਸ, ਕੰਪਲੀਸ਼ਨ ਸਰਟੀਫ਼ਿਕੇਟ ਪਾਰਸ਼ੀਅਲ ਕੰਪਲੀਸ਼ਨ ਸਰਟੀਫ਼ਿਕੇਟ, ਲੈਟਰ ਆਫ਼ ਇੰਟੈਂਟ, ਜ਼ੋਨਿੰਗ ਪਲੈਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟਰੇਸ਼ਨ ਸਰਟੀਫ਼ਿਕੇਟ ਅਤੇ ਲੇ-ਆਊਟ ਪਲਾਨ ਆਦਿ ਦੇ 127 ਸਰਟੀਫ਼ਿਕੇਟ ਪ੍ਰਦਾਨ ਕੀਤੇ ਗਏ ਹਨ।

ਬੰਬੀਹਾ ਗੁਰੱਪ ਦੇ ਚਾਰ ਗੁਰਗੇ ਹਥਿਆਰਾਂ ਸਮੇਤ ਕਾਬੂ

ਇਕ ਪਿਸਤੌਲ.30 ਬੋਰ, 4 ਜ਼ਿੰਦਾ ਰੌਂਦ ਤੇ ਇਕ ਦੇਸੀ ਕੱਟਾ ਬਰਾਮਦ

ਸ੍ਰੀ ਮੁਕਤਸਰ ਸਾਹਿਬ, 5 ਦਸੰਬਰ (ਗੁਰਦੇਵ ਸਿੰਘ/ਰਣਜੀਤ ਸਿੰਘ) : ਪੁਲਿਸ ਅਤੇ ਕਾਊਂਟਰ ਇੰਨਟੈਲੀਜੈਂਸ ਸ੍ਰੀ ਮੁਕਤਸਰ ਸਾਹਿਬ (ਬਠਿੰਡਾ ਜ਼ੋਨ) ਵਲੋਂ ਸਾਂਝੇ ਅਪਰੇਸ਼ਨ ਦੌਰਾਨ ਬੰਬੀਹਾ ਗੁਰੱਪ ਦੇ 4 ਗੁਰਗਿਆਂ ਨੂੰ ਸਮੇਤ ਇਕ ਪਿਸਤੌਲ .30 ਬੋਰ, 4 ਜ਼ਿੰਦਾ ਰੌਂਦ ਤੇ ਇਕ ਦੇਸੀ ਕੱਟਾ ਹਥਿਆਰਾਂ ਸਮੇਤ ਕਾਬੂ ਕੀਤਾ ਗਿਆ ਹੈ। ਮਨਮੀਤ ਸਿੰਘ ਢਿੱਲੋਂ ਕਪਤਾਨ ਪੁਲਿਸ (ਇੰਨਵੈ:) ਨੇ ਦਸਿਆ ਕਿ ਮਿਤੀ 2.12.2024 ਨੂੰ ਗਸ਼ਤ ਤੇ ਤਲਾਸ਼ੀ ਦੌਰਾਨ ਗੁਰਜੀਵਨ ਸਿੰਘ ਉਰਫ ਜੀਵਨ, ਮਨਿੰਦਰ ਸਿੰਘ ਉਰਫ ਮਨੀ ਵਾਸੀ ਪਿੰਡ ਅਬੁਲ ਖੁਰਾਣਾ ਥਾਣਾ ਸਿਟੀ ਮਲੋਟ ਅਤੇ ਸੁਰਿੰਦਰ ਸਿੰਘ ਵਾਸੀ ਪਿੰਡ ਤੱਪਾ ਖੇੜਾ ਥਾਣਾ ਲੰਬੀ ਸ੍ਰੀ ਮੁਕਤਸਰ ਸਾਹਿਬ ਸਮੇਤ ਇਕ ਪਿਸਤੌਲ ਦੇਸੀ .30 ਬੋਰ, 4 ਜ਼ਿੰਦਾ ਰੌਂਦ ਅਤੇ 2 ਮੋਬਾਈਲ ਫ਼ੋਨਾਂ ਸਮੇਤ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਤੋਂ ਗ੍ਰਿਫ਼ਤਾਰ ਕੀਤਾ ਗਿਆ।

ਸਾਬਕਾ ਸਪੀਕਰ ਰਵੀਇੰਦਰ ਸਿੰਘ ਵਲੋਂ ਸੁਖਬੀਰ ਬਾਦਲ 'ਤੇ ਹੋਏ ਹਮਲੇ ਦੀ ਨਿਖੇਧੀ

ਅੰਮ੍ਰਿਤਸਰ, 5 ਦਸੰਬਰ (ਸੁਖਵਿੰਦਰਜੀਤ ਸਿੰਘ ਬਹੋੜੂ) : ਅਕਾਲੀ ਦਲ 1920 ਦੇ ਪ੍ਰਧਾਨ ਰਵੀਇੰਦਰ ਸਿੰਘ ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ ਵਲੋਂ ਸੁਖਬੀਰ ਬਾਦਲ ਤੇ ਹਮਲੇ ਦੀ ਨਿਖੇਧੀ ਕੀਤੀ ਗਈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿਚ ਵਿਚਾਰਧਾਰਕ ਮਤਭੇਦ ਹੁੰਦੇ ਹਨ ਪਰ ਮਹਾਨ ਮੁਕੱਦਸ ਸਥਾਨ 'ਤੇ ਅਜਿਹੀਆਂ ਹਿੰਸਕ ਘਟਨਾਵਾਂ ਹੋਣ ਨਾਲ ਬਹੁਤਾ ਅਸਰ ਸੰਗਤ 'ਤੇ ਪੈਣਾ ਕੁਦਰਤੀ ਹੈ। ਸਰਕਾਰ, ਪ੍ਰਸ਼ਾਸਨ, ਸ਼੍ਰੋਮਣੀ ਕਮੇਟੀ ਨੂੰ ਹੋਰ ਪੁਖ਼ਤਾ ਪ੍ਰਬੰਧ ਕਰਨ ਦੀ ਜ਼ਰੂਰਤ ਹੈ।

ਭਗਵੰਤ ਮਾਨ ਨੇ ਸ਼ਹਿਰ 'ਚ ਜਲ ਸਪਲਾਈ ਤ